ਨੰ:8/8/2019-5 ਵਿਬ 1/ 6821
ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਬਜਟ-1ਸ਼ਾਖਾ)

ਮਿਤੀ, ਚੰਡੀਗੜ੍ਹ: 8) ਜਨਵਰੀ, 2020

ਸੇਵਾ ਵਿਖੇ

1) ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰ,
ਸਮੂਹ ਡਿਪਟੀ ਕਮਿਸ਼ਨਰ,
ਜਿਲ੍ਹਾ ਤੇ ਸੈਸ਼ਨ ਜੱਜ ਅਤੇ

2) ਰਜਿਸਟਰਾਰ,
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ।

ਵਿਸ਼ਾ: **ਸਰਕਾਰੀ ਖਰਚੇ ਵਿਚ ਕਿਫਾਇਤ ਕਰਨ ਸਬੰਧੀ ਹਦਾਇਤਾਂ ਜਾਰੀ ਕਰਨ ਬਾਰੇ। (ਦਫਤਰ ਦੀਆਂ ਗੱਡੀਆਂ, ਫਰਨੀਚਰ, ਕੈਂਪ ਆਫਿਸ, ਬਿਜਲੀ ਅਤੇ ਟੈਲੀਫੋਨ ਆਦਿ ਦੇ ਖਰਚਿਆਂ ਸਬੰਧੀ)**

ਸ੍ਰੀਮਾਨ/ਸ੍ਰੀਮਤੀ ਜੀ,

ਸਰਕਾਰ ਵਲੋਂ ਵਿੱਤੀ ਸਾਧਨਾਂ ਅਤੇ ਖਰਚਿਆਂ ਵਿਚ ਸੰਤੁਲਨ ਬਣਾ ਕੇ ਰੱਖਣਾ ਜਰੂਰੀ ਹੁੰਦਾ ਹੈ। ਇਹ ਵੇਖਣ ਵਿਚ ਆਇਆ ਹੈ ਕਿ ਵਿਭਾਗਾਂ ਵਲੋਂ ਜਿੰਨੇ ਖਰਚੇ ਕੀਤੇ ਜਾ ਰਹੇ ਹਨ ਉਸਦੀ ਤੁਲਨਾ ਵਿਚ ਉਹਨਾਂ ਵਲੋਂ ਰਸੀਟ ਘੱਟ ਜਨਰੇਟ ਕੀਤੀ ਜਾ ਰਹੀ ਹੈ। ਇਸ ਮੰਤਵ ਲਈ ਵਿੱਤ ਵਿਭਾਗ ਵਲੋਂ ਸਮੇਂ ਸਮੇਂ ਤੇ ਵਿਭਾਗਾਂ ਦੀ ਰਸੀਟ ਅਤੇ ਖਰਚਿਆਂ ਤੇ ਨਜ਼ਰਸਾਨੀ ਵੀ ਕੀਤੀ ਜਾਂਦੀ ਹੈ ਤਾਂ ਜੋ ਬਜਟ ਅਨੁਸ਼ਾਸਨ ਬਣਾ ਕੇ ਰਖਿਆ ਜਾ ਸਕੇ। ਵਿੱਤ ਵਿਭਾਗ ਵਲੋਂ ਬਜਟ ਉਪਬੰਧ ਦੇ ਖਰਚਿਆਂ ਵਿਚ ਕਿਫਾਇਤ ਕਰਨ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ।

(ੳ) ਉਪਰੋਕਤ ਦੇ ਮੱਦੇ ਨਜ਼ਰ ਸਰਕਾਰੀ ਖਰਚੇ ਵਿਚ ਕਿਫਾਇਤ ਕਰਨ ਲਈ ਵਿੱਤ ਵਿਭਾਗ ਵਲੋਂ ਹੇਠ ਅਨੁਸਾਰ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ: -

1) ਦਫਤਰ ਲਈ ਫਰਨੀਚਰ, ਹੋਰ ਸਾਜੋ ਸਮਾਨ ਦੀ ਖਰੀਦ ਅਤੇ ਇਸ ਨੂੰ ਫਰਨਿਸ਼ ਕਰਨ ਤੇ ਪੂਰਨ ਤੌਰ ਤੇ ਰੋਕ ਹੋਵੇਗੀ। ਨਵੇ ਸਥਾਪਿਤ ਕੀਤੇ ਦਫਤਰਾਂ ਲਈ ਪ੍ਰਬੰਧਕੀ ਵਿਭਾਗ ਦੀ ਪ੍ਰਵਾਨਗੀ ਨਾਲ ਇੱਕ ਲੱਖ ਰੁਪਏ ਤੱਕ ਦਾ ਖਰਚਾ ਕੀਤਾ ਜਾ ਸਕੇਗਾ ਅਤੇ ਇਸ ਤੋਂ ਉਪਰ ਖਰਚ ਲਈ ਪ੍ਰਬੰਧਕੀ ਵਿਭਾਗ ਦੇ ਸਬੰਧਤ ਮੰਤਰੀ ਦੀ ਪ੍ਰਵਾਨਗੀ ਉਪਰੰਤ ਵਿੱਤ ਵਿਭਾਗ ਦੀ ਪੂਰਵ ਪ੍ਰਵਾਨਗੀ ਲੈਣੀ ਜ਼ਰੂਰੀ ਹੋਵੇਗੀ।
2) ਸਰਕਾਰੀ ਅਧਿਕਾਰੀਆਂ / ਕਰਮਚਾਰੀਆਂ ਦੇ ਮੋਬਾਇਲ ਬਿਲਾਂ ਦੀ ਅਦਾਇਗੀ, ਰਿਹਾਇਸ਼ਾਂ ਤੇ ਲੱਗੇ ਲੈਂਡਲਾਈਨ ਟੈਲੀਫੋਨ ਅਤੇ ਇੰਟਰਨੈੱਟ ਦੀ ਸੁਵਿਧਾ ਸਬੰਧੀ ਛਪਾਈ ਤੇ ਲਿਖਣ ਸਮੱਗਰੀ ਵਿਭਾਗ ਦੇ ਪੱਤਰ ਨੰ: 4/14/2014-3 ਪਸ/632714/1, ਮਿਤੀ 24.11.2015 ਰਾਹੀਂ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।
3) ਸਰਕਾਰੀ ਕੰਮ ਲਈ ਵਹੀਕਲ ਕਿਰਾਏ ਤੇ ਲੈਣ ਲਈ ਵਿੱਤ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ ਨੰ: 8/3/2014-5 ਵਿਬ 1/360108/1, ਮਿਤੀ 4.12.2014 ਦੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।

4) ਜਿਹੜੇ ਮੰਤਰੀਆਂ/ ਅਧਿਕਾਰੀਆਂ ਕੋਲ ਇੱਕ ਤੋਂ ਵੱਧ ਵਿਭਾਗਾਂ / ਦਫਤਰਾਂ ਦਾ ਚਾਰਜ ਹੈ, ਉਹ ਸਿਰਫ ਇੱਕ ਵਿਭਾਗ ਦੀ ਗੱਡੀ ਦੀ ਵਰਤੋਂ ਹੀ ਕਰ ਸਕਣਗੇ। ਬਾਕੀ ਗੱਡੀਆਂ ਦੀ ਨਾ ਤਾਂ ਵਰਤੋਂ ਕੀਤੀ ਜਾਵੇ ਅਤੇ ਨਾ ਹੀ ਉਹਨਾਂ ਲਈ ਬਜਟ ਦੀ ਮੰਗ ਕੀਤੀ ਜਾਵੇ ।ਇਸ ਦੀ ਪਾਲਣਾ ਸਬੰਧਤ ਅਧਿਕਾਰੀ ਵੱਲੋਂ ਸੁਨਿਸ਼ਚਿਤ ਕੀਤੀ ਜਾਵੇ।

5) ਸਬੰਧਤ ਵਿਭਾਗਾਂ ਦੇ ਮੁੱਖੀ ਅਤੇ ਦਫਤਰ ਦੇ ਮੁੱਖੀ ਵੱਲੋਂ ਸੁਨਿਸ਼ਚਿਤ ਕੀਤਾ ਜਾਵੇ ਕਿ ਰਾਜ ਵਿਚ ਬਿਜਲੀ ਅਤੇ ਪਾਣੀ ਦੇ ਖਰਚੇ ਨੂੰ ਧਿਆਨ ਵਿੱਚ ਰੱਖਦੇ ਹੋਏ ਵਿੱਤ ਵਿਭਾਗ (ਵਿੱਤ ਬਜਟ-1 ਸ਼ਾਖਾ) ਵਲੋਂ ਜਾਰੀ ਪੱਤਰ ਨੰ: FD-FB-109/45/2019-1FB1/1/5037/2020, ਮਿਤੀ 7/1/2020 ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

6) ਸਰਕਾਰੀ ਅਧਿਕਾਰੀਆ ਵਲੋਂ ਕੈਂਪ ਆਫਿਸ ਦੀ ਬਜਾਏ ਆਪਣੇ ਦਫਤਰਾਂ ਵਿਚ ਹੀ ਕੰਮ ਕਰਨ ਸਬੰਧੀ ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ) ਵਲੋਂ ਜਾਰੀ ਪੱਤਰ ਨੰ: ਪੀ.ਆਰ.ਐਸ./ ਆਈ.ਏ.ਐਸ./ ਸੀ.ਅਸਿਸ.9/2014-ਈ137/1578836/1, ਮਿਤੀ 19.9.2019 ਰਾਹੀਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

7) ਇਹ ਹਦਾਇਤਾਂ ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ, ਬੋਰਡ/PSUs/ Commissions / Societies ਤੇ ਵੀ ਲਾਗੂ ਹੋਣਗੀਆਂ। ਵਿਭਾਗਾਂ ਦੇ ਪ੍ਰਬੰਧਕੀ ਸਕੱਤਰ, ਵਿਭਾਗਾਂ ਦੇ ਮੁੱਖੀ ਅਤੇ ਦਫਤਰਾਂ ਦੇ ਮੁੱਖੀ ਆਪੋ ਆਪਣੇ ਵਿਭਾਗਾਂ ਅਧੀਨ ਆਉਂਦੇ ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ, ਬੋਰਡਜ਼ /PSUs/ Commissions / Societies ਤੋਂ ਇਹਨਾਂ ਹਦਾਇਤਾਂ ਦੀ ਪਾਲਣਾ ਕਰਾਉਣ ਲਈ ਜਿੰਮੇਵਾਰ ਹੋਣਗੇ। ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਤੇ ਸਬੰਧਤ ਜਿੰਮੇਵਾਰ ਅਧਿਕਾਰੀ ਦੇ ਖਿਲਾਫ ਪੰਜਾਬ ਸਿਵਲ ਸਰਵਿਸਜ (ਸਜਾ ਅਤੇ ਅਪੀਲ) 1970 ਦੀਆਂ ਵੱਡੀਆਂ ਸਜ਼ਾਵਾਂ ਦੇਣ ਲਈ ਅਨੁਸ਼ਾਸਨੀ ਕਾਰਵਾਈ ਆਰੰਭੀ ਜਾਵੇਗੀ।

ਵਿਸ਼ਵਾਸਪਾਤਰ,

ਹਰਵਿੰਦਰ ਸਿੰਘ

(ਹਰਵਿੰਦਰ ਸਿੰਘ)

ਬਜਟ ਅਫਸਰ

ਇਸ ਦਾ ਇਕ ਉਤਾਰਾ ਮੁੱਖ ਸਕੱਤਰ ਪੰਜਾਬ/ ਵਿਸ਼ੇਸ਼ ਸਕੱਤਰ ਮੁੱਖ ਸਕੱਤਰ /ਵਧੀਕ ਮੁੱਖ ਸਕੱਤਰ / ਵਿੱਤੀ ਕਮਿਸ਼ਨਰ/ ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਤੂਰੰਤ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਹਰਵਿੰਦਰ ਸਿੰਘ

ਬਜਟ ਅਫਸਰ

ਸੇਵਾ ਵਿਖੇ,

1) ਮੁੱਖ ਸਕੱਤਰ, ਪੰਜਾਬ ਸਰਕਾਰ।

2) ਸਮੂਹ ਵਿਸ਼ੇਸ਼ ਸਕੱਤਰ, ਪੰਜਾਬ ਸਰਕਾਰ ।

3) ਸਮੂਹ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ।

4)) ਸਮੂਹ ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ।

5) ਸਮੂਹ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ।

6) ਪੰਜਾਬ ਸਰਕਾਰ ਦੇ ਸਮੂਹ ਪ੍ਰਬੰਧਕੀ ਸਕੱਤਰ ।

ਅੰ:ਵਿ:ਪੱ:ਨੰ:8/ 8/2019-5 ਵਿਬ 1/ 6821 ਮਿਤੀ, ਚੰਡੀਗੜ੍ਹ: 21 ਜਨਵਰੀ, 2020

ਪਿੱਠ ਅੰਕਣ ਨੰ: 8/ 8/2019-5 ਵਿਬ 1/ 6821 ਮਿਤੀ, ਚੰਡੀਗੜ੍ਹ: 21 ਜਨਵਰੀ, 2020

ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਡਾਇਰੈਕਟਰ, ਖਜਾਨਾ ਤੇ ਲੇਖਾ ਪੰਜਾਬ।

2) ਸਮੂਹ ਜਿਲ੍ਹਾਂ ਖਜਾਨਾ ਅਫਸਰ ਅਤੇ ਖਜਾਨਾ ਅਫਸਰ,

ਕਿਉਂਕਿ ਰਾਜ ਦੇ ਖਜਾਨਿਆਂ ਵਿਚ ਬਜਟ ਕੰਟਰੋਲ ਸਿਸਟਮ ਲਾਗੂ ਕਰ ਦਿੱਤਾ ਗਿਆ ਹੈ ਇਸ ਲਈ ਇਨ੍ਹਾਂ ਖਰਚਿਆਂ ਵਿਚ ਕਿਫਾਇਤ ਕਰਨ ਦੇ ਉਪਰਾਲਿਆਂ ਨੂੰ ਲਾਗੂ ਕਰਨ ਹਿੱਤ ਜੋ ਵੀ ਇਨ੍ਹਾਂ ਆਈਟਮਾਂ ਸਬੰਧੀ ਬਿਲ ਖਜਾਨੇ ਵਿਚ ਪੇਸ਼ ਕੀਤੇ ਜਾਂਦੇ ਹਨ, ਉਹਨਾਂ ਸਬੰਧੀ ਉਪਰੋਕਤ ਅਨੁਸਾਰ ਬਜਟ ਕੱਟ ਦਾ ਧਿਆਨ ਰੱਖਦੇ ਹੋਏ ਪੂਰਨ ਤੌਰ ਤੇ ਬਜਟ ਕੰਟਰੋਲ ਰੱਖਿਆ ਜਾਵੇ।

3) ਸਮੂਹ ਸੁਪਰਡੰਟ ਵਿੱਤ ਖਰਚਾ ਸ਼ਾਖਾਵਾਂ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਜੇਕਰਕਿਸੇ ਵਿਭਾਗ ਵਲੋਂ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਸਬੰਧਤ ਜਿੰਮੇਵਾਰ ਅਧਿਕਾਰੀ ਦੇ ਖਿਲਾਫ ਪੰਜਾਬ ਸਿਵਲ ਸਰਵਿਸਜ (ਸਜਾ ਅਤੇ ਅਪੀਲ) 1970 ਦੀਆਂ ਵੱਡੀਆਂ ਸਜ਼ਾਵਾਂ ਦੇਣ ਲਈ ਅਨੁਸ਼ਾਸਨੀ ਕਾਰਵਾਈ ਦੇ ਖਰੜੇ ਉਚ ਅਧਿਕਾਰੀਆਂ ਨੂੰ ਪੇਸ਼ ਕੀਤੇ ਜਾਣ।

4) ਇੰਨਚਾਰਜ, ਟੀ.ਸੀ.ਐਸ।

ਬਜਟ ਅਫ਼ਸਰ
ਹ ਕੌਰ

ਪਿੱਠ ਅੰਕਣ ਨੰ: 8/ 8/2019-5 ਵਿਬ 1/ 6821 ਮਿਤੀ, ਚੰਡੀਗੜ੍ਹ: 21 ਜਨਵਰੀ, 2020

ਇੱਕ ਉਤਾਰਾ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ) ਪੰਜਾਬ ਚੰਡੀਗੜ੍ਹ ਅਤੇ ਮਹਾਂਲੇਖਾਕਾਰ (ਆਡਿਟ) ਪੰਜਾਬ ਚੰਡੀਗੜ੍ਹ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਬਜਟ ਅਫ਼ਸਰ
ਹ ਕੌਰ